ਪੰਜਾਬ ਸਰਕਾਰ ਦਾ ਪੱਤਰ ਮਿਤੀ 25.11.2019

---

ਨੰ:6/14/18-2ਸਿੱ.ਸੈਲ/375

ਪੰਜਾਬ ਸਰਕਾਰ

ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ

(ਸਿੱਖਿਆ ਸੈਲ)

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਸਮੂਹ ਡਵੀਜ਼ਨਾਂ ਦੇ ਕਮਿਸ਼ਨਰ/ਸਮੂਹ ਡਿਪਟੀ ਕਮਿਸ਼ਨਰ,
ਸਮੂਹ ਬੋਰਡਾਂ/ਕਾਰਪੋਰੇਸ਼ਨਾਂ ਦੇ ਮੁੱਖੀ,
ਜ਼ਿਲ੍ਹਾ ਅਤੇ ਸੈਸ਼ਨ ਜੱਜ, ਉਪ ਮੰਡਲ ਅਫ਼ਸਰ (ਸਿਵਲ) ਅਤੇ
ਰਜਿਸਟਰਾਰ ਪੰਜਾਬ ਤੇ ਹਰਿਆਣਾ ਹਾਈ ਕੋਰਟ।

ਮਿਤੀ, ਚੰਡੀਗੜ੍ਹ: 25/11/2019

ਵਿਸ਼ਾ: ਪੰਜਾਬ ਰਾਜ ਭਾਸ਼ਾ ਤਰਮੀਮ ਐਕਟ 2008 ਅਨੁਸਾਰ ਸਾਰਾ ਦਫ਼ਤਰੀ ਕੰਮ-ਕਾਜ ਰਾਜ ਭਾਸ਼ਾ ਪੰਜਾਬੀ ਵਿਚ ਕਰਨ ਸਬੰਧੀ।

****

ਉਪਰੋਕਤ ਵਿਸ਼ੇ ਦੇ ਸਬੰਧ ਵਿਚ।

2. ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ 2008 ਦੇ ਉਪਬੰਧਾਂ ਅਨੁਸਾਰ ਪੰਜਾਬ ਰਾਜ ਦੇ ਸਕੱਤਰੇਤ, ਸਮੂਹ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਵਿਚ ਸਮੁੱਚਾ ਦਫ਼ਤਰੀ ਕੰਮ-ਕਾਜ ਪੰਜਾਬ ਦੀ ਰਾਜ ਭਾਸ਼ਾ ਪੰਜਾਬੀ ਵਿਚ ਕਰਨ ਸਬੰਧੀ ਸਰਕਾਰ ਦੇ ਪੱਤਰ ਨੰ:6/14/18-1ਸਿੱ.ਸੈਲ/1312300/1, ਮਿਤੀ 05.09.2018 ਅਤੇ ਮਿਤੀ 01.02.2019 ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਸੀ। ਪ੍ਰੰਤੂ ਸਰਕਾਰ ਦੇ ਧਿਆਨ ਵਿਚ ਆਇਆ ਹੈ ਕਿ ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਨਹੀਂ ਹੋ ਰਹੀ ਹੈ।

3. ਇਸ ਲਈ ਕਿਰਪਾ ਕਰਕੇ ਆਪਣੇ ਅਧੀਨ ਆਉਂਦੇ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਦੇ ਸਮੂਹ ਅਧਿਕਾਰੀਆਂ /ਕਰਮਚਾਰੀਆਂ ਵੱਲੋਂ ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਣੀ ਯਕੀਨੀ ਬਣਾਈ ਜਾਵੇ।

ਵਿਸ਼ਾਵਾਸ ਪਾਤਰ

ਵਿਸ਼ੇਸ਼ ਸਕੱਤਰ ਉਚੇਰੀ ਸਿੱਖਿਆ

ਉਪਰੋਕਤ ਦਾ ਇੱਕ ਉਤਾਰਾ ਸਮੂਹ ਵਧੀਕ ਮੁੱਖ ਸਕੱਤਰਾਂ, ਵਿੱਤੀ ਕਮਿਸ਼ਨਰਾਂ, ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਪ੍ਰਬੰਧਕੀ ਕੰਟਰੋਲ ਅਧੀਨ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨ ਹਿਤ ਯੋਗ ਕਦਮ ਚੁੱਕਣ ਦੀ ਕ੍ਰਿਪਾਲਤਾ ਕਰਨ।

ਵਿਸ਼ੇਸ਼ ਸਕੱਤਰ ਉਚੇਰੀ ਸਿੱਖਿਆ

ਸੇਵਾ ਵਿਖੇ

ਪੰਜਾਬ ਰਾਜ ਦੇ ਸਮੂਹ ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ,

ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਅੰ:ਵਿ:ਪੱ:ਨੰ:6/14/18-2ਸਿੱ.ਸੈਲ/376 ਮਿਤੀ, ਚੰਡੀਗੜ੍ਹ: 25/11/2019